# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**13:40**

**ਮਿਤੀ :18-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਬ੍ਰਿਕਸ ਵਾਤਾਵਰਣ ਮੰਤਰੀਆਂ ਦੀ 12ਵੀਂ ਕਾਨਫਰੰਸ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋ ਗਈ ਏ।

- ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਵਿਰੋਧੀ ਪਾਰਟੀਆਂ 'ਤੇ ਵਿਦੇਸ਼ੀ ਚੰਦਾ ਨਿਯਮ (ਸੋਧ) ਬਿੱਲ ਬਾਰੇ ਗ਼ਲਤ ਜਾਣਕਾਰੀ ਫੈਲਾਉਣ ਦਾ ਇਲਜ਼ਾਮ ਲਾਇਆ ਏ।

- ਜੰਮੂ-ਕਸ਼ਮੀਰ ਵਿੱਚ ਸੁਰੱਖਿਆ ਬਲਾਂ ਨੇ ਅੱਜ ਸ਼ੱਕੀ ਵਿਅਕਤੀਆਂ ਦੀ ਗਤੀਵਿਧੀ ਬਾਰੇ ਸੂਚਨਾ ਮਿਲਣ ਤੋਂ ਬਾਅਦ ਊਧਮਪੁਰ, ਰਿਆਸੀ ਅਤੇ ਕਠੂਆ ਜ਼ਿਲ੍ਹਿਆਂ ਵਿੱਚ ਕਈ ਥਾਵਾਂ 'ਤੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ।

- ਇਨਫੋਰਸਮੈਂਟ ਡਾਇਰੈਕਟੋਰੇਟ ਕਰਨਾਟਕ ਪਬਲਿਕ ਸਰਵਿਸ ਕਮਿਸ਼ਨ ਵਿੱਚ ਹੋਏ ਕਥਿਤ ਪ੍ਰਸ਼ਨ ਪੱਤਰ ਲੀਕ ਘੁਟਾਲੇ ਦੇ ਸਬੰਧ ਵਿੱਚ ਰਾਜ ਵਿੱਚ ਕਈ ਥਾਵਾਂ 'ਤੇ ਤਲਾਸ਼ੀ ਲੈ ਰਿਹਾ ਏ ।

- ਮੱਧ ਪ੍ਰਦੇਸ਼ ਦੇ ਭਿੰਡ ਵਿੱਚ ਬੀਤੀ ਦੇਰ ਰਾਤ ਇਕ ਸੜਕ ਹਾਦਸੇ 'ਚ 8 ਲੋਕਾਂ ਦੀ ਮੌਤ ਹੋ ਗਈ ਤੇ 23 ਹੋਰ ਜ਼ਖਮੀ ਹੋ ਗਏ ਨੇ |

***ਹੁਣ ਖਬਰਾਂ ਵਿਸਥਾਰ ਨਾਲ***

ਬ੍ਰਿਕਸ ਵਾਤਾਵਰਣ ਮੰਤਰੀਆਂ ਦੀ 12ਵੀਂ ਕਾਨਫਰੰਸ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਚੱਲ ਰਹੀ ਹੈ। ਇਹ ਕਾਨਫਰੰਸ ਮੈਂਬਰ ਦੇਸ਼ਾਂ ਦੇ ਮੰਤਰੀਆਂ, ਸੀਨੀਅਰ ਅਧਿਕਾਰੀਆਂ, ਨੀਤੀ ਨਿਰਮਾਤਾਵਾਂ ਅਤੇ ਮਾਹਰਾਂ ਨੂੰ ਅਰਥਪੂਰਨ ਵਿਚਾਰ-ਵਟਾਂਦਰੇ ਵਿੱਚ ਸ਼ਾਮਲ ਹੋਣ, ਸਹਿਮਤੀ ਬਣਾਉਣ ਅਤੇ ਵਾਤਾਵਰਣ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਇੱਕ ਮੰਚ ਪ੍ਰਦਾਨ ਕਰਦੀ ਹੈ। ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਤਬਦੀਲੀ  ਮੰਤਰੀ ਭੁਪੇਂਦਰ ਯਾਦਵ ਇਸ ਕਾਨਫਰੰਸ ਦੀ ਪ੍ਰਧਾਨਗੀ ਕਰ ਰਹੇ ਹਨ। ਭਾਰਤ ਦੀ ਬ੍ਰਿਕਸ ਪ੍ਰਧਾਨਗੀ2026 ਦਾ ਵਿਸ਼ਾ ਏ "ਲਚਕੀਲਾਪਣ, ਨਵੀਨਤਾ, ਸਹਿਯੋਗ ਅਤੇ ਸਥਿਰਤਾ ਲਈ ਨਿਰਮਾਣ" ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਯਾਦਵ ਨੇ ਕਿਹਾ ਕਿ ਉਹ

ਸਮੂਹ ਲਈ ਸਕਾਰਾਤਮਕ ਨਤੀਜਿਆਂ ਵਾਸਤੇ  ਅਰਥਪੂਰਨ ਢੰਗ ਨਾਲ ਜੁੜਨ ਦੀ ਉਮੀਦ ਕਰਦੇ ਨੇ ।

---------------------------------------------------------

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਵਿਰੋਧੀ ਪਾਰਟੀਆਂ ਤੇ ਵਿਦੇਸ਼ੀ ਚੰਦਾ ਨਿਯਮ (ਸੋਧ) ਬਿੱਲ ਬਾਰੇ ਵੋਟ ਬੈਂਕ ਰਾਜਨੀਤੀ ਲਈ ਗਲਤ ਜਾਣਕਾਰੀ ਫੈਲਾਉਣ ਦਾ ਇਲਜ਼ਾਮ  ਲਗਾਇਆ। ਇੱਕ ਨਿੱਜੀ ਨਿਊਜ਼ ਏਜੰਸੀ ਨਾਲ ਇੰਟਰਵਿਊ ਵਿੱਚ, ਉਨ੍ਹਾਂ ਕਿਹਾ ਕਿ ਇਹ ਬਿੱਲ ਵਿਦੇਸ਼ੀ ਫੰਡ ਪ੍ਰਵਾਹ ਵਿੱਚ ਪਾਰਦਰਸ਼ਤਾ ਲਿਆਏਗਾ ਅਤੇ ਸੱਚਾਈ ਹੁਣ ਸਾਹਮਣੇ ਆਵੇਗੀ। ਉਨ੍ਹਾਂ ਬਿੱਲ ਨੂੰ ਸਾਂਝੀ  ਸੰਸਦੀ ਕਮੇਟੀ ਕੋਲ ਭੇਜਣ ਨੂੰ ਇੱਕ ਵਧੀਆ  ਫੈਸਲਾ ਦੱਸਿਆ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੇ ਬਹੁਤ ਸਾਰੇ ਝੂਠ ਫੈਲਾਏ ਨੇ  ਅਤੇ ਅਜਿਹੇ ਝੂਠ ਫੈਲਾ ਕੇ ਰਾਜਨੀਤੀ ਕਰਨਾ ਪੂਰੀ ਤਰ੍ਹਾਂ ਗਲਤ ਹੈ।

BYTE

---------------------------------------------------------

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਨੇ ਉੱਤਰ ਪ੍ਰਦੇਸ਼, ਪੰਜਾਬ ਅਤੇ ਗੁਜਰਾਤ ਲਈ ਨਵੇਂ ਸੂਬਾ ਇੰਚਾਰਜ ਨਿਯੁਕਤ ਕੀਤੇ ਹਨ। ਵਿਨੋਦ ਤਾਵੜੇ ਨੂੰ ਉੱਤਰ ਪ੍ਰਦੇਸ਼ ਦਾ ਇੰਚਾਰਜ ਤੇ ਜਗਦੀਸ਼ ਈਸ਼ਵਰਭਾਈ ਪਟੇਲ ਨੂੰ ਸਹਿ-ਇੰਚਾਰਜ  ਨਿਯੁਕਤ ਕੀਤਾ ਗਿਆ ਹੈ। ਡਾ. ਸਤੀਸ਼ ਪੂਨੀਆ ਨੂੰ ਪੰਜਾਬ ਦਾ  ਅਤੇ ਤਰੁਣ ਚੁੱਘ ਨੂੰ ਗੁਜਰਾਤ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ.ਪੀ. ਨੱਡਾ ਦੀ ਕੱਲ੍ਹ ਦਿੱਲੀ ਦੇ ਏਮਜ਼, ਵਿਖੇ ਐਂਜੀਓਪਲਾਸਟੀ ਹੋਈ ਅਤੇ ਉਨ੍ਹਾਂ ਦੀ ਹਾਲਤ ਸਥਿਰ ਹੈ। ਏਮਜ਼ ਨੇ ਇੱਕ ਬਿਆਨ ਵਿੱਚ ਕਿਹਾ ਕਿ ਸ੍ਰੀ ਨੱਡਾ ਨੂੰ ਕਾਰਡੀਓਲੋਜੀ ਵਿਭਾਗ ਵਿੱਚ ਨਿਗਰਾਨੀ ਹੇਠ ਰੱਖਿਆ ਗਿਆ ਹੈ।ਪਹਿਲਾਂ ਉਨ੍ਹਾਂ ਨੂੰ ਬੇਚੈਨੀ ਮਹਿਸੂਸ ਹੋਣ ਤੋਂ ਬਾਅਦ ਏਮਜ਼ ਵਿੱਚ ਦਾਖਲ ਕਰਵਾਇਆ ਗਿਆ ਸੀ।

----------------------------------------------------------------

ਰੱਖਿਆ ਮੰਤਰਾਲੇ ਨੇ ਛੇਵੀਂ ਸਕਾਰਾਤਮਕ ਸਵਦੇਸ਼ੀ ਸੂਚੀ PIC ਨੂੰ NOTIFY ਕਰ ਦਿੱਤਾ ਏ । ਇਸ ਵਿੱਚ 3 ਹਜ਼ਾਰ 70 ਕਰੋੜ ਦੀ ਅਨੁਮਾਨਤ ਵਪਾਰਕ ਸੰਭਾਵਨਾ ਵਾਲੀਆਂ ਰਣਨੀਤਕ ਤੌਰ 'ਤੇ ਮਹੱਤਵਪੂਰਨ 405 ਵਸਤੂਆਂ ਸ਼ਾਮਲ ਨੇ । ਇਨ੍ਹਾਂ ਵਿੱਚ ਭਾਰਤੀ ਤੱਟ ਰੱਖਿਅਕ ਬਲ ਦੀਆਂ 16 ਅਤੇ ਸਰਕਾਰੀ ਖੇਤਰ ਦੇ ਰੱਖਿਆ ਅਦਾਰਿਆਂ ਦੀਆਂ 389 ਵਸਤੂਆਂ ਸ਼ਾਮਲ ਨੇ । ਮੰਤਰਾਲੇ ਨੇ ਕਿਹਾ ਕਿ ਇਹ ਛੇਵੀਂ ਸੂਚੀ ਆਤਮਨਿਰਭਰ ਭਾਰਤ ਪਹਿਲਕਦਮੀ ਦੇ ਤਹਿਤ ਰੱਖਿਆ ਨਿਰਮਾਣ ਵਿੱਚ ਆਤਮ-ਨਿਰਭਰਤਾ ਨੂੰ ਉਤਸ਼ਾਹਿਤ ਕਰਨ ਦੇ ਸਰਕਾਰ ਦੇ ਯਤਨਾਂ ਵੱਲ ਇੱਕ ਹੋਰ ਕਦਮ ਹੈ। ਜੰਮੂ-ਕਸ਼ਮੀਰ ਵਿੱਚ ਸੁਰੱਖਿਆ ਬਲਾਂ ਨੇ ਅੱਜ ਸ਼ੱਕੀ ਵਿਅਕਤੀਆਂ ਦੀ ਗਤੀਵਿਧੀ ਬਾਰੇ ਸੂਚਨਾ ਮਿਲਣ ਤੋਂ ਬਾਅਦ ਊਧਮਪੁਰ, ਰਿਆਸੀ ਅਤੇ ਕਠੂਆ ਜ਼ਿਲ੍ਹਿਆਂ ਵਿੱਚ ਕਈ ਥਾਵਾਂ 'ਤੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ। ਰਿਆਸੀ ਦੇ ਸਾਦੀਨੀ ਜੰਗਲਾਂ ਅਤੇ ਕਠੂਆ ਦੇ ਹੀਰਾਨਗਰ ਸੈਕਟਰ ਵਿੱਚ ਅੰਤਰਰਾਸ਼ਟਰੀ ਸਰਹੱਦ ਦੇ ਨਾਲ ਲੱਗਦੇ ਕਈ ਪਿੰਡਾਂ ਵਿੱਚ ਵੀ ਤਲਾਸ਼ੀ ਮੁਹਿੰਮ ਚਲਾਈ

ਗਈ। ਇਸ ਦੌਰਾਨ, ਉੱਤਰੀ ਕਮਾਂਡ ਦੇ ਜਨਰਲ OFFICER ਕਮਾਂਡਿੰਗ-ਇਨ-ਚੀਫ਼, ਲੈਫਟੀਨੈਂਟ ਜਨਰਲ ਪ੍ਰਤੀਕ ਸ਼ਰਮਾ ਨੇ ਕੱਲ੍ਹ ਪੁਣਛ ਜ਼ਿਲ੍ਹੇ ਵਿੱਚ ਕੰਟਰੋਲ ਰੇਖਾ ਦੇ ਨਾਲ ਲੱਗਦੇ ਅਗਲੇਰੇ ਇਲਾਕਿਆਂ ਦਾ ਦੌਰਾ ਕੀਤਾ। ਉਨ੍ਹਾਂ ਨੇ ਉੱਭਰ ਰਹੀਆਂ ਸੁਰੱਖਿਆ ਚੁਣੌਤੀਆਂ ਨਾਲ ਨਜਿੱਠਣ ਲਈ ਨਿਰੰਤਰ ਚੌਕਸੀ ਅਤੇ ਨਵੇਂ ਤਰੀਕੇ ਨੂੰ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਫੌਜਾਂ ਦੀ ਸੰਚਾਲਨ ਤਿਆਰੀ ਦੀ ਸਮੀਖਿਆ ਕੀਤੀ ਅਤੇ ਸਰਹੱਦ 'ਤੇ ਤਾਇਨਾਤ ਜਵਾਨਾਂ ਨਾਲ ਗੱਲਬਾਤ ਕੀਤੀ। ਲੈਫਟੀਨੈਂਟ ਜਨਰਲ ਸ਼ਰਮਾ ਨੂੰ ਇਲਾਕੇ ਦੀ ਮੌਜੂਦਾ ਸੁਰੱਖਿਆ ਸਥਿਤੀ, ਸੰਚਾਲਨ ਤਿਆਰੀ ਅਤੇ ਮੁਸ਼ਕਲ ਇਲਾਕਿਆਂ ਵਿੱਚ ਤਾਇਨਾਤੀ ਸਬੰਧੀ ਚੁਣੌਤੀਆਂ ਬਾਰੇ ਜਾਣਕਾਰੀ ਦਿੱਤੀ ਗਈ।

---------------------------------------------------

ਕਰਨਾਟਕ ਪਬਲਿਕ ਸਰਵਿਸ ਕਮਿਸ਼ਨ ਵਿੱਚ ਹੋਏ ਕਥਿਤ ਪ੍ਰਸ਼ਨ ਪੱਤਰ ਲੀਕ ਘੁਟਾਲੇ ਦੇ ਸਬੰਧ ਵਿੱਚ ਇਨਫੋਰਸਮੈਂਟ ਡਾਇਰੈਕਟੋਰੇਟ ਰਾਜ ਵਿੱਚ ਕਈ ਥਾਵਾਂ 'ਤੇ ਤਲਾਸ਼ੀ ਲੈ ਰਿਹਾ ਹੈ। ਕਮਿਸ਼ਨ ਦੇ ਸਾਬਕਾ ਚੇਅਰਮੈਨ ਸ਼ਿਵਸ਼ੰਕਰੱਪਾ ਐਸ. ਸਾਹੂਕਰ ਉੱਪਰ ਪ੍ਰਸ਼ਨ ਪੱਤਰ ਲੀਕ ਕਰਨ, OMR ਸ਼ੀਟਾਂ ਨਾਲ ਛੇੜਛਾੜ ਕਰਨ ਅਤੇ ਸਰਕਾਰੀ ਵੈਟਰਨਰੀ ਅਫਸਰਾਂ ਦੀ ਭਰਤੀ ਲਈ ਪ੍ਰਤੀ ਉਮੀਦਵਾਰ ₹70 ਤੋਂ 80 ਲੱਖ ਦੀ ਰਿਸ਼ਵਤ ਮੰਗਣ ਦਾ ਇਲਜ਼ਾਮ ਹੈ। ਇਹ ਵੀ ਇਲਜ਼ਾਮ ਸੀ ਕਿ ਇੱਕ ਨਿੱਜੀ ਕੰਪਨੀ ਨੇ ਵਿਚੋਲੇ ਵਜੋਂ ਕੰਮ ਕੀਤਾ। ਮਾਮਲੇ ਦੇ ਸਬੰਧ ਵਿੱਚ, ਡਾਇਰੈਕਟੋਰੇਟ ਨੇ ਸ਼ਿਵਸ਼ੰਕਰੱਪਾ ਦੇ ਘਰ, ਕਮਿਸ਼ਨ ਦੇ ਕੁਝ ਸਾਬਕਾ ਮੈਂਬਰਾਂ ਦੇ ਟਿਕਾਣਿਆਂ ਅਤੇ ਨਿੱਜੀ ਕੰਪਨੀ ਨਾਲ ਜੁੜੇ ਦਫਤਰਾਂ ਦੀ

ਤਲਾਸ਼ੀ ਲਈ। ਜਾਂਚ  ਭਰਤੀ ਪ੍ਰਕਿਰਿਆ ਵਿੱਚ ਬੇਨਿਯਮੀਆਂ ਅਤੇ ਇਸ ਪ੍ਰਕਿਰਿਆ ਵਿੱਚ ਭ੍ਰਸ਼ਟ ਵਿਅਕਤੀਆਂ ਦੀ ਸੰਭਾਵਿਤ ਭੂਮਿਕਾ 'ਤੇ ਕੇਂਦ੍ਰਿਤ ਹੈ।

---------------------------------------------------------------

ਹਫ਼ਤਾ ਭਰ ਚੱਲੀ  "ਹਰ ਘਰ ਤਿਰੰਗਾ" ਮੁਹਿੰਮ ਕੱਲ੍ਹ ਸ਼ਾਮੀ  ਚੰਡੀਗੜ੍ਹ ਵਿੱਚ ਇੱਕ ਸ਼ਾਨਦਾਰ ਸਮਾਪਤੀ ਸਮਾਰੋਹ ਦੇ ਨਾਲ ਖਤਮ ਹੋ ਗਈ । ਇਸ ਸਮਾਰੋਹ ਵਿੱਚ ਆਧੁਨਿਕ ਭਾਰਤ ਦੀਆਂ ਪ੍ਰਾਪਤੀਆਂ, ਸਮੂਹਿਕ ਗੌਰਵ  ਅਤੇ ਆਸਾਂ ਉਮੀਦਾਂ  ਦੇ ਨਾਲ-ਨਾਲ ਰਾਸ਼ਟਰੀ ਝੰਡੇ ਪ੍ਰਤੀ ਸਤਿਕਾਰ ਵੀ ਦਰਸਾਇਆ ਗਿਆ। ਸਮਾਪਤੀ ਸਮਾਰੋਹ ਵਿੱਚ ਲੋਕਾਂ ਦੇ ਉਤਸ਼ਾਹ ਨੇ ਰਾਸ਼ਟਰੀ ਏਕਤਾ, ਦੇਸ਼ ਭਗਤੀ ਅਤੇ ਤਿਰੰਗੇ ਪ੍ਰਤੀ ਸਨਮਾਨ ਦਾ ਸੰਦੇਸ਼ ਦਿੱਤਾ। ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਸਨ। ਇਸ ਸਮਾਗਮ ਵਿੱਚ ਦੇਸ਼ ਦੀ ਅਮੀਰ ਵਿਰਾਸਤ, ਏਕਤਾ ਅਤੇ ਰਾਸ਼ਟਰੀ ਮਾਣ 'ਤੇ ਆਧਾਰਿਤ ਬਾਈਕ ਅਤੇ ਵਿੰਟੇਜ ਕਾਰ ਰੈਲੀ , ਸੰਗੀਤ ਅਤੇ ਨਾਚ ਦੇ ਪ੍ਰੋਗਰਾਮ  ਵੀ ਪੇਸ਼ ਕੀਤੇ ਗਏ। ਭਾਰਤੀ ਫੌਜ ਅਤੇ ਆਈਟੀਬੀਪੀ ਨੇ ਹਥਿਆਰਾਂ ਅਤੇ ਡਰੋਨਾਂ ਦਾ ਵੀ ਪ੍ਰਦਰਸ਼ਨ ਕੀਤਾ।

---------------------------------------------------------------

ਮੱਧ ਪ੍ਰਦੇਸ਼ ਦੇ ਭਿੰਡ ਵਿੱਚ ਬੀਤੀ ਦੇਰ ਰਾਤ ਗਵਾਲੀਅਰ-ਭਿੰਡ-ਇਟਾਵਾ ਹਾਈਵੇਅ 'ਤੇ ਇੱਕ ਪਿਕਅੱਪ ਟਰੱਕ ਦੇ ਦੂਜੇ ਟਰੱਕ ਨਾਲ ਟਕਰਾ ਜਾਣ ਕਾਰਨ ਅੱਠ ਲੋਕਾਂ ਦੀ ਮੌਤ ਹੋ ਗਈ ਅਤੇ 23 ਹੋਰ ਜ਼ਖਮੀ ਹੋ ਗਏ। ਪੁਲਿਸ ਨੇ ਕੇਸ ਦਰਜ ਕਰ ਲਿਆ ਹੈ ਅਤੇ ਹਾਦਸੇ ਦੇ ਕਾਰਨਾਂ ਦੀ ਜਾਂਚ

ਕਰ ਰਹੀ ਹੈ। ਸਾਰੇ ਮ੍ਰਿਤਕ ਅੱਠ ਮਜ਼ਦੂਰ ਭਿੰਡ ਦੇ ਗੋਹਦ ਤੋਂ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ ਸਥਿਤ ਆਪਣੇ ਘਰ ਜਾ ਰਹੇ ਸਨ।

------------------------------------------------------------

ਦੇਸ਼ ਦੇ 15 ਸਾਲ ਅਤੇ ਇਸ ਤੋਂ ਵੱਧ ਉਮਰ ਦੀ ਆਬਾਦੀ ਲਈ ਬੇਰੁਜ਼ਗਾਰੀ ਦਰ ਜੁਲਾਈ ਵਿੱਚ ਘਟ ਕੇ 5.1 ਫੀਸਦੀ ਰਹਿ ਗਈ ਹੈ, ਜੋ ਇਸ ਸਾਲ ਜੂਨ ਵਿੱਚ 5.5 ਪ੍ਰਤੀਸ਼ਤ ਸੀ। ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਬਾਰੇ ਮੰਤਰਾਲੇ ਨੇ ਮਾਸਿਕ ਕਿਰਤ ਸ਼ਕਤੀ ਅਤੇ ਬੇਰੁਜ਼ਗਾਰੀ ਦੇ ਅੰਕੜੇ ਜਾਰੀ ਕੀਤੇ ਨੇ । ਪੇਂਡੂ ਬੇਰੁਜ਼ਗਾਰੀ ਦਰ ਪਿਛਲੇ ਮਹੀਨੇ ਘਟ ਕੇ 4.5 ਫੀਸਦੀ ਹੋ ਗਈ, ਜੋ ਕਿ ਜੂਨ ਵਿੱਚ 5 ਫੀਸਦੀ ਸੀ। ਇਸ ਦੇ ਉਲਟ, ਸ਼ਹਿਰੀ ਬੇਰੁਜ਼ਗਾਰੀ ਦਰ ਜੁਲਾਈ ਵਿੱਚ ਮਾਮੂਲੀ ਤੌਰ 'ਤੇ ਵਧ ਕੇ 6.7 ਫੀਸਦੀ ਹੋ ਗਈ, ਜੋ ਕਿ ਜੂਨ ਵਿੱਚ 6.6 ਫੀਸਦੀ ਸੀ। ਔਰਤਾਂ ਵਿੱਚ ਕੁੱਲ ਬੇਰੁਜ਼ਗਾਰੀ ਦਰ ਘਟ ਕੇ 5.4 ਫੀਸਦੀ ਹੋ ਗਈ, ਜਦੋਂ ਕਿ ਮਰਦਾਂ ਵਿੱਚ ਇਹ ਘਟ ਕੇ 5 ਫੀਸਦੀ ਹੋ ਗਈ।

------------------------------------------------------------

SEMICON India 2026 ਦਾ ਪੰਜਵਾਂ ਐਡੀਸ਼ਨ ਅਗਲੇ ਮਹੀਨੇ ਦੀ 17 ਤਰੀਕ ਤੋਂ ਨਵੀਂ ਦਿੱਲੀ ਵਿੱਚ ਆਯੋਜਿਤ ਕੀਤਾ ਜਾਵੇਗਾ। 40 ਤੋਂ ਵੱਧ ਦੇਸ਼ਾਂ ਦੇ 500 ਤੋਂ ਵੱਧ ਪ੍ਰਦਰਸ਼ਕ ਅਤੇ ਲਗਭਗ 240 ਕੰਪਨੀਆਂ ਇਸ ਤਿੰਨ ਦਿਨਾਂ ਕਾਨਫਰੰਸ ਵਿੱਚ ਹਿੱਸਾ ਲੈਣਗੀਆਂ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਾਨਫਰੰਸ ਦਾ ਉਦਘਾਟਨ ਕਰਨਗੇ ਅਤੇ ਅਮਰੀਕਾ, ਜਾਪਾਨ, ਦੱਖਣੀ ਕੋਰੀਆ, ਸਿੰਗਾਪੁਰ, ਜਰਮਨੀ, ਨੀਦਰਲੈਂਡ ਅਤੇ

ਮਲੇਸ਼ੀਆ ਦੀਆਂ ਪ੍ਰਮੁੱਖ ਕੰਪਨੀਆਂ ਦੇ ਵਿਸ਼ਵ ਸੀਈਓਜ਼ ਨਾਲ ਇੱਕ ਗੋਲਮੇਜ਼ ਮੀਟਿੰਗ ਦੀ ਪ੍ਰਧਾਨਗੀ ਕਰਨਗੇ। ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਵਿੱਚ ਬੋਲਦੇ ਹੋਏ, ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਦੇ ਸਕੱਤਰ, ਐਸ. ਕ੍ਰਿਸ਼ਨਨ ਨੇ ਕਿਹਾ ਕਿ ਪ੍ਰਦਰਸ਼ਨੀ ਵਿੱਚ ਜਾਪਾਨ, ਦੱਖਣੀ ਕੋਰੀਆ, ਸਿੰਗਾਪੁਰ, ਮਲੇਸ਼ੀਆ, ਜਰਮਨੀ ਅਤੇ ਨੀਦਰਲੈਂਡ ਦੇ ਛੇ ਅੰਤਰਰਾਸ਼ਟਰੀ ਪੈਵੇਲੀਅਨ ਹੋਣਗੇ। ਇਸਦਾ ਉਦੇਸ਼ ਸੈਮੀਕੰਡਕਟਰ ਸੈਕਟਰ ਵਿੱਚ ਨਵੀਨਤਾ ਅਤੇ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਸੰਵਾਦ ਅਤੇ ਸਹਿਯੋਗ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਹੈ।

---------------------------------------------------------------

ਭਾਰਤ ਅਤੇ ਸ਼੍ਰੀਲੰਕਾ ਵਿਚਕਾਰ Galle ਵਿੱਚ ਖੇਡੇ ਜਾ ਰਹੇ ਪਹਿਲੇ ਕ੍ਰਿਕਟ ਟੈਸਟ ਮੈਚ ਦੇ ਚੌਥੇ ਦਿਨ, ਤਾਜ਼ਾ ਖ਼ਬਰਾਂ ਮਿਲਣ ਤੱਕ, ਭਾਰਤ ਨੇ ਆਪਣੀ ਦੂਜੀ ਪਾਰੀ 'ਚ 6 ਵਿਕਟਾਂ 'ਤੇ 174 ਦੌੜਾਂ ਬਣਾ ਲਈਆਂ ਨੇ । ਭਾਰਤ ਨੇ ਆਪਣੀ ਪਹਿਲੀ ਪਾਰੀ 'ਚ 462 ਦੌੜਾਂ ਬਣਾਈਆਂ ਸਨ | ਸ਼੍ਰੀਲੰਕਾ ਦੀ ਟੀਮ ਆਪਣੀ ਪਹਿਲੀ ਪਾਰੀ 'ਚ 284 ਦੌੜਾਂ ਬਣਾ ਕੇ ਆਊਟ ਹੋ ਗਈ ਸੀ |

---------------------------------------------------------------

ਦੱਖਣੀ ਸੁਡਾਨ ਵਿੱਚ ਸੰਯੁਕਤ ਰਾਸ਼ਟਰ ਮਿਸ਼ਨ ਅਧੀਨ ਤਾਇਨਾਤ 200 ਤੋਂ ਵੱਧ ਭਾਰਤੀ ਸ਼ਾਂਤੀ ਰੱਖਿਅਕਾਂ ਨੂੰ, ਵਿਲੱਖਣ ਸੇਵਾ ਲਈ ਵੱਕਾਰੀ ਸੰਯੁਕਤ ਰਾਸ਼ਟਰ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਏ। ਦੱਖਣੀ ਸੁਡਾਨ ਵਿੱਚ ਸੰਯੁਕਤ ਰਾਸ਼ਟਰ ਮਿਸ਼ਨ ਨੇ ਇਕ ਸੋਸ਼ਲ

ਮੀਡਿਆ ਪੋਸਟ ਵਿੱਚ ਕਿਹਾ ਕਿ ਜੁਬਾ ਵਿੱਚ ਭਾਰਤੀ ਮਨ ਦਲ ਦੇ ਮੈਂਬਰਾਂ ਜਿਨ੍ਹਾਂ ਵਿੱਚ 6 ਔਰਤਾਂ ਅਤੇ 7 ਸਟਾਫ ਅਧਿਕਾਰੀ ਸ਼ਾਮਲ ਨੇ ,ਨੂੰ ਉਨ੍ਹਾਂ ਦੀ ਸ਼ਾਨਦਾਰ ਸੇਵਾ ਲਈ ਸੰਯੁਕਤ ਰਾਸ਼ਟਰ ਮੈਡਲ ਨਾਲ ਸਨਮਾਨਿਤ ਕੀਤਾ ਗਿਆ |

---------------------------------------------------------

- ਬ੍ਰਿਕਸ ਵਾਤਾਵਰਣ ਮੰਤਰੀਆਂ ਦੀ 12ਵੀਂ ਕਾਨਫਰੰਸ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋ ਗਈ ਏ।

- ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਵਿਰੋਧੀ ਪਾਰਟੀਆਂ 'ਤੇ ਵਿਦੇਸ਼ੀ ਚੰਦਾ ਨਿਯਮ (ਸੋਧ) ਬਿੱਲ ਬਾਰੇ ਗ਼ਲਤ ਜਾਣਕਾਰੀ ਫੈਲਾਉਣ ਦਾ ਇਲਜ਼ਾਮ ਲਾਇਆ ਏ।

- ਜੰਮੂ-ਕਸ਼ਮੀਰ ਵਿੱਚ ਸੁਰੱਖਿਆ ਬਲਾਂ ਨੇ ਅੱਜ ਸ਼ੱਕੀ ਵਿਅਕਤੀਆਂ ਦੀ ਗਤੀਵਿਧੀ ਬਾਰੇ ਸੂਚਨਾ ਮਿਲਣ ਤੋਂ ਬਾਅਦ ਊਧਮਪੁਰ, ਰਿਆਸੀ ਅਤੇ ਕਠੂਆ ਜ਼ਿਲ੍ਹਿਆਂ ਵਿੱਚ ਕਈ ਥਾਵਾਂ 'ਤੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ।

- ਇਨਫੋਰਸਮੈਂਟ ਡਾਇਰੈਕਟੋਰੇਟ ਕਰਨਾਟਕ ਪਬਲਿਕ ਸਰਵਿਸ ਕਮਿਸ਼ਨ ਵਿੱਚ ਹੋਏ ਕਥਿਤ ਪ੍ਰਸ਼ਨ ਪੱਤਰ ਲੀਕ ਘੁਟਾਲੇ ਦੇ ਸਬੰਧ ਵਿੱਚ ਰਾਜ ਵਿੱਚ ਕਈ ਥਾਵਾਂ 'ਤੇ ਤਲਾਸ਼ੀ ਲੈ ਰਿਹਾ ਏ।

- ਮੱਧ ਪ੍ਰਦੇਸ਼ ਦੇ ਭਿੰਡ ਵਿੱਚ ਬੀਤੀ ਦੇਰ ਰਾਤ ਇਕ ਸੜਕ ਹਾਦਸੇ 'ਚ 8 ਲੋਕਾਂ ਦੀ ਮੌਤ ਹੋ ਗਈ ਤੇ 23 ਹੋਰ ਜ਼ਖਮੀ ਹੋ ਗਏ ਨੇ |

---------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**